# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 20-10-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਤਿੰਨਾਂ ਰੱਖਿਆ ਫੌਜਾਂ ਦਰਮਿਆਨ ਅਸਾਧਾਰਨ ਤਾਲਮੇਲ ਨੇ ਆਪ੍ਰੇਸ਼ਨ ਸਿੰਦੂਰ ਦੌਰਾਨ ਪਾਕਿਸਤਾਨ ਨੂੰ ਆਤਮ ਸਮਰਪਣ ਕਰਨ ਲਈ ਮਜਬੂਰ ਕੀਤਾ । ਪ੍ਰਧਾਨ ਮੰਤਰੀ ਨੇ ਅੱਜ ਗੋਆ ਅਤੇ ਕਰਵਾਰ ਦੇ ਸਾਹਿਲ 'ਤੇ INS ਵਿਕਰਾਂਤ ਵਿਖੇ ਸਮੁੰਦਰੀ ਫੌਜ ਦੇ ਮੁਲਾਜ਼ਮਾਂ ਨਾਲ ਦੀਵਾਲੀ ਮਨਾਉਂਦੇ ਹੋਏ ਇਹ ਗੱਲ ਕਹੀ। ਸ਼੍ਰੀ ਮੋਦੀ ਨੇ ਕਿਹਾ ਕਿ INS ਵਿਕਰਾਂਤ ਆਤਮਨਿਰਭਰ ਭਾਰਤ ਅਤੇ ਮੇਡ ਇਨ ਇੰਡੀਆ ਦਾ ਇੱਕ ਵਿਸ਼ਾਲ ਪ੍ਰਤੀਕ ਏ । ਪ੍ਰਧਾਨ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਰਕਾਰ ਨੇ ਹਰ ਜੋਖਮ ਨੂੰ ਸੁਧਾਰ ਵਿੱਚ, ਹਰ ਸੁਧਾਰ ਨੂੰ ਲਚਕੀਲੇਪਣ ਵਿੱਚ ਅਤੇ ਹਰ ਲਚਕੀਲੇਪਣ ਨੂੰ ਕ੍ਰਾਂਤੀ ਵਿੱਚ ਬਦਲ ਦਿੱਤਾ ਏ.

---------------------------------------------------

ਰੌਸ਼ਨੀਆਂ ਦਾ ਤਿਉਹਾਰ, ਦੀਵਾਲੀ, ਅੱਜ ਦੇਸ਼ ਭਰ ਵਿੱਚ ਰਵਾਇਤੀ ਜੋਸ਼ ਅਤੇ ਖੁਸ਼ੀਆਂ ਨਾਲ ਮਨਾਇਆ ਜਾ ਰਿਹਾ ਏ । ਬੁਰਾਈ ਉੱਤੇ ਚੰਗਿਆਈ ਦੀ ਜਿੱਤ ਦਾ ਪ੍ਰਤੀਕ, ਇਹ ਤਿਉਹਾਰ ਘਰਾਂ ਅਤੇ ਹੋਰ ਜਨਤਕ ਥਾਵਾਂ 'ਤੇ ਰੌਸ਼ਨੀਆਂ ਲਾ ਕੇ ਮਨਾਇਆ ਜਾਂਦਾ ਏ । ਲੋਕ ਇਸ ਮੌਕੇ 'ਤੇ ਧਨ ਦੀ ਦੇਵੀ ਲਕਸ਼ਮੀ ਦੀ ਪੂਜਾ ਕਰਦੇ ਨੇ. ਦੇਸ਼ ਭਰ'ਚ ਘਰਾਂ, ਗਲੀਆਂ ਅਤੇ ਬਾਜ਼ਾਰਾਂ ਨੂੰ ਰੰਗ-ਬਿਰੰਗੇ ਹਾਰਾਂ ਅਤੇ ਫੁੱਲਾਂ ਨਾਲ ਸਜਾਇਆ ਗਿਆ ਏ । ਰਾਸ਼ਟਰਪਤੀ, ਉਪਰਾਸ਼ਟਰਪਤੀ ਤੇ ਪ੍ਰਧਾਨ ਮੰਤਰੀ ਨੇ ਇਸ ਮੌਕੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ. ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਦੀਵਾਲੀ ਦੇ ਮੌਕੇ 'ਤੇ ਭਾਰਤ ਅਤੇ ਦੁਨੀਆ ਭਰ'ਚ ਰਹਿੰਦੇ ਸਾਰੇ ਭਾਰਤੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਆਪਣੇ ਸੰਦੇਸ਼ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਦੀਵਾਲੀ ਭਾਰਤ ਦੇ ਸਭ ਤੋਂ ਪ੍ਰਸਿੱਧ ਤਿਉਹਾਰਾਂ ਵਿੱਚੋਂ ਇੱਕ ਏ, ਜੋ ਕਿ ਬੇਹਦ ਜੋਸ਼ ਅਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਏ । ਰਾਸ਼ਟਰਪਤੀ ਮੁਰਮੂ ਨੇ ਹਰੇਕ ਨਾਗਰਿਕ ਨੂੰ ਦੀਵਾਲੀ ਨੂੰ ਸੁਰੱਖਿਅਤ, ਜ਼ਿੰਮੇਵਾਰੀ ਨਾਲ ਅਤੇ ਚੁਗਿਰਦੇ ਪ੍ਰਤੀ ਸੁਖਾਵੇਂ ਢੰਗ ਨਾਲ ਮਨਾਉਣ ਦੀ ਅਪੀਲ ਕੀਤੀ ਅਤੇ ਕਾਮਨਾ ਕੀਤੀ ਕਿ ਰੌਸ਼ਨੀ ਦਾ ਤਿਉਹਾਰ ਸਾਰਿਆਂ ਲਈ ਖੁਸ਼ੀ, ਸ਼ਾਂਤੀ ਅਤੇ ਖੁਸ਼ਹਾਲੀ ਲਿਆਵੇ । ਉਪ ਰਾਸ਼ਟਰਪਤੀ ਸੀ ਪੀ ਰਾਧਾਕ੍ਰਿਸ਼ਨਨ ਨੇ ਦੀਵਾਲੀ ਦੇ ਮੌਕੇ 'ਤੇ ਦੇਸ਼ ਅਤੇ ਵਿਦੇਸ਼ਾਂ ਵਿੱਚ ਰਹਿੰਦੇ ਸਾਰੇ ਭਾਰਤੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ

ਨੇ. ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੀਵਾਲੀ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਵਧਾਈਆਂ ਦਿੱਤੀਆਂ ਨੇ. ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਮੋਦੀ ਨੇ ਕਾਮਨਾ ਕੀਤੀ ਕਿ ਰੌਸ਼ਨੀਆਂ ਦਾ ਇਹ ਤਿਉਹਾਰ ਹਰ ਨਾਗਰਿਕ ਦੇ ਜੀਵਨ ਨੂੰ ਸਦਭਾਵਨਾ, ਖੁਸ਼ੀ ਅਤੇ ਖੁਸ਼ਹਾਲੀ ਨਾਲ ਰੌਸ਼ਨ ਕਰੇ। ਪ੍ਰਧਾਨ ਮੰਤਰੀ ਨੇ ਪ੍ਰਾਰਥਨਾ ਕੀਤੀ ਕਿ ਦੇਸ਼ ਭਰ ਵਿੱਚ ਸਕਾਰਾਤਮਕਤਾ ਦੀ ਭਾਵਨਾ ਮਜ਼ਬੂਤ ਰਹੇ। ਪੰਜਾਬ ‘ਚ ਵੀ ਦੀਵਾਲੀ ਦੀ ਪੂਰੀ ਰੌਣਕ ਦੇਖਣ ਨੂੰ ਮਿਲ ਰਹੀ ਏ. ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਾਰਿਆਂ ਨੂੰ ਦੀਵਾਲੀ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਦੀਵਾਲੀ ਸਾਰੀਆਂ ਦੇ ਘਰਾਂ ‘ਚ ਤਰੱਕੀ ਅਤੇ ਤੰਦਰੁਸਤੀ ਲੈ ਕੇ ਆਵੇ. ਓਹਨਾਂ ਇਹ ਕਾਮਨਾ ਵੀ ਕੀਤੀ ਕਿ ਪਰਿਵਾਰਾਂ ‘ਚ ਆਪਸੀ ਪਿਆਰ ਤੇ ਖੁਸ਼ੀਆਂ ਬਣੀਆਂ ਰਹਿਣ.

--------------------------------------------------------

ਜਲੰਧਰ ਕਮਿਸ਼ਨਰੇਟ ਪੁਲਿਸ ਵੱਲੋਂ ਤਿਉਹਾਰਾਂ ਮੌਕੇ ਸ਼ਹਿਰ ਵਿੱਚ ਸ਼ਾਂਤੀਪੂਰਨ, ਸੁਰੱਖਿਅਤ ਅਤੇ ਕਾਨੂੰਨ-ਵਿਵਸਥਾ ਵਾਲਾ ਮਾਹੌਲ ਬਣਾਈ ਰੱਖਣ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਨੇ. ਸ਼ਹਿਰ ਦੇ ਮੁੱਖ ਇਲਾਕਿਆਂ, ਬਾਜ਼ਾਰਾਂ ਅਤੇ ਭੀੜ-ਭਾੜ ਵਾਲੀਆਂ ਥਾਵਾਂ ‘ਤੇ ਪੁਲਿਸ ਦੀ ਮੌਜੂਦਗੀ ਵਧਾਈ ਗਈ ਏ । ਪੁਲਿਸ ਗਸ਼ਤ ਨੂੰ ਹੋਰ ਤੀਬਰ ਬਣਾਇਆ ਗਿਆ ਏ ਅਤੇ ਸ਼ਹਿਰ ਦੇ ਮਹੱਤਵਪੂਰਣ ਜੰਕਸ਼ਨਾਂ ‘ਤੇ ਹਾਈਟੈੱਕ ਨਾਕੇ

ਅਤੇ ਚੈੱਕ ਪੁਆਇੰਟਸ ਸਥਾਪਤ ਕੀਤੇ ਗਏ ਨੇ ਤਾਂ ਜੋ ਹਰ ਗਤੀਵਿਧੀ ‘ਤੇ ਹੋਰ ਚੌਕਸੀ ਨਾਲ ਨਜ਼ਰ ਰੱਖੀ ਜਾ ਸਕੇ। ਸ਼ਹਿਰ ਦੇ ਪ੍ਰਮੁੱਖ ਚੌਰਾਹਿਆਂ ‘ਤੇ ਲਗੇ ਪਬਲਿਕ ਐਡਰੈੱਸ ਸਿਸਟਮ ਰਾਹੀਂ ਜਨਤਕ ਐਲਾਨ ਕਰਕੇ ਨਾਗਰਿਕਾਂ ਨੂੰ ਸੁਰੱਖਿਆ, ਪਟਾਕੇ ਚਲਾਉਣ ਦੇ ਸਮੇਂ, ਟ੍ਰੈਫਿਕ ਨੇਮਾਂ ਅਤੇ ਸਾਵਧਾਨੀਆਂ ਬਾਰੇ ਲਗਾਤਾਰ ਜਾਣਕਾਰੀ ਦਿੱਤੀ ਜਾ ਰਹੀ ਏ। ਜਲੰਧਰ ਕਮਿਸ਼ਨਰੇਟ ਪੁਲਿਸ ਨੇ ਸਾਰੇ ਨਾਗਰਿਕਾਂ ਨੂੰ ਅਪੀਲ ਕੀਤੀ ਏ ਕਿ ਪਟਾਕੇ ਚਲਾਉਣ ਲਈ ਨਿਰਧਾਰਿਤ ਸਮੇਂ ਸ਼ਾਮ 8 ਵਜੇ ਤੋਂ 10 ਵਜੇ ਤੱਕ ਦੀ ਪਾਲਣਾ ਕੀਤੀ ਜਾਵੇ, ਸੁਰੱਖਿਆ ਨੇਮਾਂ ਦੀ ਪਾਲਣਾ ਕਰਦਿਆਂ ਤਿਉਹਾਰ ਨੂੰ ਸ਼ਾਂਤੀ ਅਤੇ ਭਾਈਚਾਰੇ ਦੀਆਂ ਭਾਵਨਾਵਾਂ ਨਾਲ ਮਨਾਇਆ ਜਾਵੇ। ਕਿਸੇ ਵੀ ਸ਼ੱਕੀ ਗਤੀਵਿਧੀ ਦੀ ਜਾਣਕਾਰੀ ਤੁਰੰਤ 112 ਨੰਬਰ ‘ਤੇ ਸਾਂਝੀ ਕੀਤੀ ਜਾਵੇ.

---------------------------------------------------------

ਫਰੀਦਕੋਟ ਦੇ ਜ਼ਿਲਾ ਮੈਜਿਸਟ੍ਰੇਟ ਪੂਨਮਦੀਪ ਕੌਰ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਤਹਿਤ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲਾ ਫਰੀਦਕੋਟ ਦੀ ਹਦੂਦ ਅੰਦਰ ਡਰੋਨ ਜਾਂ ਹੋਰ ਫਲਾਇੰਗ ਅਬਜੈਕਟ ਦੀ ਵਰਤੋਂ ਕਰਨ ਤੇ ਪੂਰਨ ਪਾਬੰਦੀ ਲਾਈ ਏ.ਇਸ ਬਾਰੇ ਵਧੇਰੇ ਜਾਣਕਾਰੀ ਦਿੰਦਿਆਂ ਉਨਾਂ ਦੱਸਿਆ ਕਿ ਪਿਛਲੇ ਦਿਨੀਂ ਜਿਲ੍ਹਾਂ ਤਰਨਤਾਰਨ ਵਿੱਚ ਡਰੋਨ ਦੀ ਮਦਦ ਨਾਲ

ਹਥਿਆਰਾਂ ਦੀ ਸਮਗਲਿੰਗ ਕਰਨ ਦੀ ਕੋਸ਼ਿਸ ਕੀਤੀ ਗਈ ਸੀ । ਉਨਾਂ ਕਿਹਾ ਕਿ ਸ਼ਰਾਰਤੀ ਅਨਸਰਾਂ ਵੱਲੋਂ ਡਰੋਨ ਦੀ ਮਦਦ ਨਾਲ ਅਮਨ ਤੇ ਕਾਨੂੰਨ ਦੀ ਸਥਿਤੀ ਨੂੰ ਭੰਗ ਕੀਤਾ ਜਾ ਸਕਦਾ ਏ। ਇਸ ਲਈ ਆਮ ਲੋਕਾਂ ਦੀ ਜਾਨ ਮਾਲ ਦੀ ਰਾਖੀ ਕਰਨ ਵਾਸਤੇ ਡਰੋਨ ਦੀ ਵਰਤੋਂ ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਨੇ. ਉਨਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਵੱਲੋਂ ਵਿਆਹ ਸ਼ਾਦੀ ਅਤੇ ਹੋਰ ਧਾਰਮਿਕ ਸਭਿਆਚਾਰਕ ਪ੍ਰੋਗਰਾਮਾਂ ਲਈ ਡਰੋਨ ਦਾ ਇਸੇਤਮਾਲ ਕੀਤਾ ਜਾਣਾ ਏ ਤਾਂ ਡਰੋਨ ਦਾ ਇਸਤਮਾਲ ਕਰਨ ਲਈ ਦਫਤਰ ਡਿਪਟੀ ਕਮਿਸ਼ਨਰ ਪਾਸੋਂ ਅਗਾਊਂ ਪ੍ਰਵਾਨਗੀ ਲਈ ਜਾਵੇ ।

-----------------------------------------------------------

ਬਾਬਾ ਦੀਪ ਸਿੰਘ ਗਤਕਾ ਸੁਸਾਇਟੀ ਦੇ ਬੱਚਿਆਂ ਵੱਲੋਂ ਦਿੱਲੀ ਵਿਖੇ ਹੋਏ ਨੈਸ਼ਨਲ ਗਤਕਾ ਚੈਂਪੀਅਨਸ਼ਿਪ ਵਿੱਚ 22 ਰਾਜਾਂ ਦੇ ਮੁਕਾਬਲਿਆਂ ਦੌਰਾਨ ਸ਼ਾਨਦਾਰ ਕਾਰਗੁਜ਼ਾਰੀ ਦਿਖਾਉਂਦਿਆਂ ਸੋਨੇ ਦੇ 9 ਤਮਗੇ ਅਤੇ ਕਾਂਸੀ ਦੇ 2 ਤਮਗੇ ਜਿੱਤੇ ਗਏ । ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਆਪਣੇ ਗ੍ਰਹਿ ਪਿੰਡ ਸੰਧਵਾਂ ਵਿਖੇ ਇਨ੍ਹਾਂ ਬੱਚਿਆਂ ਦਾ ਨਗਦ ਰਕਮ ਅਤੇ ਸਨਮਾਨ ਪੱਤਰ ਦੇ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ।

-----------------------------------------------------------

ਏਸ਼ੀਅਨ ਯੂਥ ਗੇਮਜ਼ ਵਿੱਚ, ਭਾਰਤ ਦੀ 15 ਸਾਲਾ ਖੁਸ਼ੀ ਨੇ ਕੱਲ੍ਹ ਬਹਿਰੀਨ ਦੇ ਕੁਰਾਸ਼ ਵਿੱਚ ਕਾਂਸੀ ਦਾ ਤਗਮਾ ਜਿੱਤਿਆ। ਕੁਰਾਸ਼, ਕੁਸ਼ਤੀ ਦਾ ਇੱਕ ਰਵਾਇਤੀ ਰੂਪ ਏ ਜੋ ਆਧੁਨਿਕ ਉਜ਼ਬੇਕਿਸਤਾਨ ਵਿੱਚ ਸ਼ੁਰੂ ਹੋਇਆ ਸੀ।